Punjabi - Number 18c
May 2022

# ਟੈਟਨਸ,ਡਿਪਥੀਰੀਆ ਅਤੇ ਪਰਟੂਸਿਸ (ਟੀਡੈਪ) ਵੈਕਸੀਨ

## Tetanus, Diphtheria, Pertussis (Tdap) Vaccine

ਬੀਮਾਰੀਆਂ ਤੋਂ ਬਚਾਉਣ ਲਈ ਟੀਕਾਕਰਣ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਸਿਹਤ ਸੰਬੰਧੀ ਕਿਸੇ ਵੀ ਹੋਰ ਜਤਨ ਨਾਲੋਂ ਜ਼ਿਆਦਾ ਜਾਨਾਂ ਬਚਾਈਆਂ ਹਨ।

### ਟੀਡੈਪ ਵੈਕਸੀਨ ਕੀ ਹੈ?

ਟੀਡੈਪ ਵੈਕਸੀਨ ਇੰਨ੍ਹਾਂ ਦੇ ਵਿਰੁੱਧ ਰੱਖਿਆ ਕਰਦੀ ਹੈ:

- ਟੈਟਨਸ
- ਡਿਪਥੀਰੀਆ
- ਪਰਟੂਸਿਸ (ਵੂਪਿੰਗ ਕੱਫ)

ਵੈਕਸੀਨ ਹੈਲਥ ਕੈਨੇਡਾ ਵਲੋਂ ਮਾਨਤਾ ਪ੍ਰਾਪਤ ਹੈ ਅਤੇ ਤੁਹਾਡੇ ਬੱਚੇ ਨੂੰ ਬੀਮਾਰੀਆਂ ਤੋਂ ਬਚਾਉਣ ਲਈ ਨੇਮਕ ਟੀਕਾਕਰਣ ਦੇ ਹਿੱਸੇ ਵਜੋਂ ਮੁਫਤ ਦਿੱਤੀ ਜਾਂਦੀ ਹੈ।ਮਿਲਣ ਦਾ ਸਮਾਂ ਤਹਿ ਕਰਨ ਲਈ ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਫੋਨ ਕਰੋ।

### ਟੀਡੈਪ ਵੈਕਸੀਨ ਕਿਸ ਨੂੰ ਲੈਣੀ ਚਾਹੀਦੀ ਹੈ?

ਟੈਟਨਸ, ਡਿਪਥੀਰੀਆ ਅਤੇ ਪਰਟੂਸਿਸ (ਟੀਡੈਪ) ਵੈਕਸੀਨ ਗਰੇਡ 9 ਵਿਚਲੇ ਸਾਰੇ ਵਿਦਿਆਰਥੀਆਂ ਨੂੰ ਪੇਸ਼ ਕੀਤੀ ਜਾਂਦੀ ਹੈ।ਇਹ ਉਨ੍ਹਾਂ ਬੱਚਿਆਂ ਲਈ ਬੂਸਟਰ ਖੁਰਾਕ ਹੈ ਜਿੰਨ੍ਹਾਂ ਨੂੰ ਛੋਟੀ ਉਮਰ ਵਿੱਚ ਇਨ੍ਹਾਂ ਬੀਮਾਰੀਆਂ ਤੋਂ ਬਚਾਉਣ ਲਈ ਟੀਕੇ ਲਗਾਏ ਗਏ ਸੀ।ਬੂਸਟਰ ਖੁਰਾਕ ਬੀਮਾਰੀਆਂ ਤੋਂ ਬਚਾਉਣ ਵਾਲੇ ਸਿਸਟਮ ਨੂੰ ਇਨ੍ਹਾਂ ਬੀਮਾਰੀਆਂ ਤੋਂ ਜਿਆਦਾ ਚੰਗੀ ਤਰ੍ਹਾਂ ਰੱਖਿਆ ਕਰਨ ਲਈ ਮਜ਼ਬੂਤ ਬਣਾਉਂਦੀ ਜਾਂ ਹੁਲਾਰਾ ਦਿੰਦੀ ਹੈ।ਉਹ ਬੱਚੇ ਜਿੰਨਾਂ ਨੂੰ ਉਨ੍ਹਾਂ ਦੇ 10ਵੇਂ ਜਨਮਦਿਨ ਤੇ ਜਾਂ ਉਸ ਤੋਂ ਬਾਅਦ ਟੀਡੈਪ ਵੈਕਸੀਨ ਦੀ ਇੱਕ ਬੂਸਟਰ ਖੁਰਾਕ ਮਿਲੀ ਹੈ ਨੂੰ ਗਰੇਡ 9 ਵਿੱਚ ਖੁਰਾਕ ਦੀ ਲੋੜ ਨਹੀਂ ਹੈ।

ਗਰਭਵਤੀ ਲੋਕਾਂ ਲਈ ਟੀਡੈਪ ਵੈਕਸੀਨ ਦੀ ਸਿਫਾਰਸ਼ ਕੀਤੀ ਜਾਂਦੀ ਹੈ ਅਤੇ ਇਹ ਮੁਫਤ ਮੁਹੱਈਆ ਕੀਤੀ ਜਾਂਦੀ ਹੈ।ਟੀਡੈਪ ਟੀਕਾਕਰਣ ਦੇ ਪਿਛਲੇ ਇਤਿਹਾਸ ਦੀ ਪਰਵਾਹ ਕੀਤੇ ਬਿਨਾਂ ਗਰਭ ਅਵਸਥਾ ਦੇ 27-32 ਹਫਤਿਆਂ ਵਿੱਚ ਦਿੱਤੀ ਜਾਣੀ ਚਾਹੀਦੀ ਹੈ, ਪਰ 13 ਹਫਤਿਆਂ ਤੋਂ ਅਤੇ ਡਿਲਿਵਰੀ ਤੱਕ ਦਿੱਤੀ ਜਾ ਸਕਦੀ ਹੈ।

ਵੈਕਸੀਨ 7 ਸਾਲ ਅਤੇ ਉਸ ਤੋਂ ਵੱਧ ਉਮਰ ਦੇ ਉਨ੍ਹਾਂ ਬੱਚਿਆਂ ਅਤੇ ਉਨ੍ਹਾਂ ਬਾਲਗਾਂ ਨੂੰ ਵੀ ਦਿੱਤੀ ਜਾ ਸਕਦੀ ਹੈ ਜਿੰਨ੍ਹਾਂ ਨੂੰ ਬੀਮਾਰੀਆਂ ਤੋਂ ਬਚਾਉਣ ਲਈ ਪੂਰੇ ਟੀਕੇ ਨਹੀਂ ਲਗੇ ਹਨ, ਜਾਂ ਜਿੰਨ੍ਹਾਂ ਦਾ ਬੀਮਾਰੀਆਂ ਤੋਂ ਬਚਾਉ ਲਈ ਟੀਕਾਕਰਣ ਦਾ ਇਤਿਹਾਸ ਨਾਮਾਲੂਮ ਹੈ।

ਬਚਪਨ ਵਿੱਚ ਬੀਮਾਰੀਆਂ ਤੋਂ ਬਚਾਉਣ ਲਈ ਟੀਕੇ ਲਗਾਏ ਗਏ ਬਾਲਗਾਂ ਲਈ ਟੀਡੈਪ ਵੈਕਸੀਨ ਦੀ ਬੂਸਟਰ ਖੁਰਾਕ ਦੀ ਸਿਫਾਰਸ਼ ਕੀਤੀ ਜਾਂਦੀ ਹੈ ਪਰ ਇਹ ਮੁਫਤ ਮੁਹੱਈਆਂ ਨਹੀਂ ਕਰਵਾਈ ਜਾਂਦੀ।

ਅਜਿਹੇ ਬਾਲਗ ਜਿਹੜੇ ਵੈਕਸੀਨ ਲੈਣਾ ਚਾਹੁੰਦੇ ਹਨ ਜ਼ਿਆਦਾਤਰ ਫਾਰਮੇਸੀਆਂ ਅਤੇ ਟ੍ਰੈਵਲ ਕਲੀਨਿਕਾਂ ਤੋਂ ਇਸ ਨੂੰ ਖਰੀਦ ਸਕਦੇ ਹਨ।

ਬੀਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

### ਟੀਡੈਪ ਵੈਕਸੀਨ ਦੇ ਕੀ ਲਾਭ ਹਨ?

ਟੀਡੈਪ ਵੈਕਸੀਨ ਟੈਟਨਸ, ਡਿਪਥੀਰੀਆ ਅਤੇ ਪਰਟੂਸਿਸ ਜੋ ਕਿ ਗੰਭੀਰ ਅਤੇ ਕਈ ਵਾਰੀ ਜਾਨਲੇਵਾ ਬੀਮਾਰੀਆਂ ਹੋ ਸਕਦੀਆਂ ਹਨ ਦੇ ਵਿਰੁੱਧ ਰੱਖਿਆ ਕਰਨ ਦਾ ਸਭ ਤੋਂ ਚੰਗਾ ਤਰੀਕਾ ਹੈ।ਜਦੋਂ ਤੁਸੀਂ ਬੀਮਾਰੀਆਂ ਤੋਂ ਬਚਾਉ ਲਈ ਟੀਕੇ ਲਗਵਾਉਂਦੇ ਹੋ ਤਾਂ, ਤੁਸੀਂ ਦੂਜਿਆਂ ਦੀ ਰੱਖਿਆ ਕਰਨ ਵਿੱਚ ਵੀ ਮਦਦ ਕਰਦੇ ਹੋ।

### ਟੀਡੈਪ ਵੈਕਸੀਨ ਦੇ ਬਾਦ ਦੀਆਂ ਸੰਭਾਵੀ ਪ੍ਰਤੀਕ੍ਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹੁੰਦੀਆਂ ਹਨ।ਵੈਕਸੀਨ ਲਗਵਾਉਣਾ ਇੰਨ੍ਹਾਂਵਿੱਚੋਂ ਕਿਸੇ ਬੀਮਾਰੀ ਦਾ ਸ਼ਿਕਾਰ ਹੋਣ ਤੋਂ ਜ਼ਿਆਦਾ ਸੁਰੱਖਿਅਤ ਹੈ।

ਵੈਕਸੀਨਾਂ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਬਾਂਹ ਵਿੱਚ ਜਲਨ, ਲਾਲੀ, ਅਤੇ ਸੋਜ ਸ਼ਾਮਲ ਹੋ ਸਕਦੇ ਹਨ। ਸਿਰਦਰਦ, ਥਕਾਨ, ਮਾਸਪੇਸ਼ੀਆਂ ਜਾਂ ਜੋੜਾਂ ਵਿੱਚ ਜਲਨ, ਠੰਡ ਲਗਣਾ, ਮਤਲੀ, ਦਸਤ ਅਤੇ ਹਲਕਾ ਬੁਖਾਰ ਵੀ ਹੋ ਸਕਦੇ ਹਨ।

> ਐਸੀਟਾਮੀਨੋਫੇਨ (Acetaminophen) ਜਾਂ ਟੈਲੀਨੋਲ (Tylenol®) ਬੁਖ਼ਾਰ ਲਈ ਅਤੇ ਦੁਖਣ ਤੋਂ ਦਿੱਤੀ ਜਾ ਸਕਦੀ ਹੈ। ASA ਜਾਂ ਐਸਪਰੀਨ (Aspirin®) ਰੇ ਸਿੰਡਰੋਮ ਦੇ ਖ਼ਤਰੇ ਕਾਰਨ 20 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਨਹੀਂ ਦਿੱਤੀ ਜਾਣੀ ਚਾਹੀਦੀ।

ਰੇਏ ਸਿੰਡਰੋਮ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ ਹੈਲਥਲਿੰਕ ਬੀ.ਸੀ. ਫ਼ਾਈਲ HealthLinkBC File #84 ਰੇਏ ਸਿੰਨਡਰੋਮ ਦੇਖੋ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜਰੂਰੀ ਹੈ ਕਿਉਂਕਿ ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਐਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ, ਇੱਕ ਮਿਲਿਅਨ ਵਿੱਚੋਂ 1 ਤੋਂ ਵੀ ਘੱਟ, ਸੰਭਾਵਨਾ ਹੋ ਸਕਦੀ ਹੈ।ਇਸ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ। ਜੇ ਅਜਿਹੀ ਪ੍ਰਤੀਕਿਰਿਆ ਹੁੰਦੀ ਹੈ ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਇਸ ਦਾ ਇਲਾਜ ਕਰਨ ਲਈ ਤਿਆਰ ਹੈ।ਐਮਰਜੈਂਸੀ ਇਲਾਜ ਵਿੱਚ ਸ਼ਾਮਲ ਹੈ ਐਪੀਨੈਫਰਿੰਨ (ਐਡਰੇਨੇਲਿੰਨ) ਦੇਣਾ ਅਤੇ ਐਂਬੂਲੈਂਸ ਰਾਹੀਂ ਸਭ ਤੋਂ ਨਜ਼ਦੀਕੀ ਐਮਰਜੈਂਸੀ ਵਿਭਾਗ ਤੱਕ ਟਰਾਂਸਫਰ।ਜੇ ਅਜਿਹੇ ਲੱਛਣ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਦ ਵਿਕਸਤ ਹੁੰਦੇ ਹਨ, ਤਾਂ **9-1-1** ਜਾਂ ਸਥਾਨਕ ਐਮਰਜੈਂਸੀ ਨੰਬਰ ਉੱਤੇ ਫੋਨ ਕਰੋ।

ਸਾਰੀਆਂ ਗੰਭੀਰ ਜਾਂ ਅਣਿਆਈ ਪ੍ਰਤੀਕ੍ਰਿਆਵਾਂ ਬਾਰੇ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨੂੰ ਹਮੇਸ਼ਾ ਦਸਣਾ ਮਹੱਤਵਪੂਰਨ ਹੈ।

## ਟੀਡੈਪ ਵੈਕਸੀਨ ਕਿਸ ਨੂੰ ਨਹੀਂ ਲੈਣੀ ਚਾਹੀਦੀ?

ਜੇ ਤੁਹਾਨੂੰ ਜਾਂ ਤੁਹਾਡੇ ਬੱਚੇ ਨੂੰ ਪਹਿਲਾਂ ਲਈ ਗਈ ਟੈਟਨਸ, ਡਿਪਥੀਰੀਆ,ਜਾਂ ਪਰਟੂਸਿਸ ਵੈਸੀਨ ਦੀ ਪਹਿਲੀ ਖੁਰਾਕ, ਜਾਂ ਵੈਕਸੀਨ ਦੇ ਕਿਸੇ ਵੀ ਅੰਸ਼ ਪ੍ਰਤੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਐਲਰਜਿਕ ਪ੍ਰਤੀਕ੍ਰਿਆ ਹੋਈ ਹੈ ਤਾਂ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨਾਲ ਗੱਲ ਕਰੋ।

ਟੈਟਨਸ ਵੈਕਸੀਨ ਲਗਵਾਉਣ ਦੇ 8 ਹਫਤਿਆਂ ਦੇ ਅੰਦਰ ਹੀ ਬਿਨਾਂ ਕਿਸੇ ਹੋਰ ਜਾਣੇ ਪਛਾਣੇ ਕਾਰਣ ਦੀ ਪਛਾਣ ਕੀਤੇ ਜਾਣ ਬਗੈਰ ਗੁਲੀਅਨ ਬਾਰ ਸਿੰਨਡਰੋਮ (ਜੀ ਬੀ ਐਸ) ਵਿਕਸਤ ਕਰਨ ਵਾਲੇ ਲੋਕਾਂ ਨੂੰ ਟੀਡੈਪ ਵੈਕਸੀਨ ਨਹੀਂ ਲੈਣੀ ਚਾਹੀਦੀ।

ਜੀ ਬੀ ਐਸ ਇੱਕ ਵਿਰਲੀ ਅਵਸਥਾ ਹੈ ਜਿਸ ਦਾ ਨਤੀਜਾ ਸਰੀਰ ਦੀਆਂ ਮਾਸਪੇਸ਼ੀਆਂ ਵਿੱਚ ਕਮਜ਼ੋਰੀ ਅਤੇ ਲਕਵਾ ਹੁੰਦਾ ਹੈ। ਇਹੋ ਆਮਤੌਰ ਉਤੇ ਵਿਗਾੜਾਂ ਤੋਂ ਬਾਦ ਹੁੰਦੀ ਹੈ, ਪਰ ਵਿਰਲੇ ਕੇਸਾਂ ਵਿੱਚ ਕੁਝ ਵੈਕਸੀਨਾਂ ਤੋਂ ਬਾਦ ਵੀ ਹੋ ਸਕਦੀ ਹੈ।

ਜ਼ੁਕਾਮ ਜਾਂ ਕਿਸੇ ਹੋਰ ਹਲਕੀ ਬੀਮਾਰੀ ਕਰਕੇ ਬੀਮਾਰੀਆਂ ਤੋਂ ਬਚਾਉਣ ਵਾਲੇ ਟੀਕੇ ਲਗਵਾਉਣ ਨੂੰ ਟਾਲਣ ਦੀ ਲੋੜ ਨਹੀਂ ਹੈ। ਪਰ, ਜੇ ਤੁਹਾਡੀਆਂ ਕੁਝ ਚਿੰਤਾਵਾਂ ਹਨ ਤਾਂ ਆਪਣੀ ਸਿਹਤ ਦੀ ਦੇਖਭਾਲ ਦਾ ਪ੍ਰਬੰਧ ਕਰਨ ਵਾਲੇ ਨਾਲ ਗੱਲ ਕਰੋ।

## ਟੈਟਨਸ, ਡਿਪਥੀਰੀਆ ਅਤੇ ਪਰਟੂਸਿਸ ਕੀ ਹਨ?

**ਟੈਟਨਸ**, ਜਿਸ ਨੂੰ ਲੌਕਜਾਅ (Lockjaw) ਵੀ ਕਿਹਾ ਜਾਂਦਾ ਹੈ, ਦਾ ਕਾਰਨ ਅਜਿਹਾ ਬੈਕਟੀਰੀਆ ਹੈ ਜੋ ਅਕਸਰ ਮਿੱਟੀ ਵਿੱਚ ਪਾਇਆ ਜਾਂਦਾ ਹੈ।ਜਦੋਂ ਇਹ ਬੈਕਟੀਰੀਆ ਚੀਰ ਜਾਂ ਝਰੀਟ ਦੇ ਰਾਹੀਂ ਚਮੜੀ ਵਿੱਚ ਦਾਖਲ ਹੋ ਜਾਂਦੇ ਹਨ, ਤਾਂ ਉਹ ਅਜਿਹੇ ਜ਼ਹਿਰ ਦਾ ਉਤਪਾਦਨ ਕਰਦੇ ਹਨ ਜੋ ਸਾਰੇ ਸਰੀਰ ਵਿੱਚ ਮਾਸਪੇਸ਼ੀਆਂ ਦੀ ਦਰਦਨਾਕ ਅਕੜਨ ਅਤੇ ਮੂੰਹ ਖੋਲਣ ਵਿੱਚ ਤਕਲੀਫ ਦਾ ਕਾਰਨ ਬਣ ਸਕਦਾ ਹੈ।ਜੇ ਸਾਹ ਲੈਣ ਵਾਲੀਆਂ ਮਾਸਪੇਸ਼ੀਆਂ ਪ੍ਰਭਾਵਤ ਹੋ ਜਾਣ ਤਾਂ ਇਹ ਬਹੁਤ ਗੰਭੀਰ ਹੈ।ਟੈਟਨਸ ਹੋਣ ਵਾਲੇ 5 ਵਿਅਕਤੀਆਂ ਵਿੱਚੋਂ 1 ਦੀ ਮੌਤ ਤੱਕ ਹੋ ਸਕਦੀ ਹੈ।

**ਡਿਪਥੀਰੀਆ**, ਨੱਕ ਅਤੇ ਗਲੇ ਦਾ ਇੱਕ ਗੰਭੀਰ ਵਿਗਾੜ ਹੈ ਜੋ ਡਿਪਥੀਰੀਆ ਬੈਕਟੀਰੀਆ ਕਰਕੇ ਹੁੰਦਾ ਹੈ।ਇਹ ਬੈਕਟੀਰੀਆ ਲੋਕਾਂ ਦੇ ਛਿੱਕਣ ਜਾਂ ਖੰਘਣ ਕਰਕੇ ਹਵਾ ਰਾਹੀਂ,ਅਤੇ ਸਿੱਧੇ ਤੌਰ ਉੱਤੇ ਚਮੜੀ ਨਾਲ ਚਮੜੀ ਦਾ ਸੰਪਰਕ ਹੋਣ ਨਾਲ ਫੈਲਦੇ ਹਨ।ਇਸ ਬੀਮਾਰੀ ਦਾ ਨਤੀਜਾ ਸਾਹ ਸੰਬੰਧੀ ਬਹੁਤ ਗੰਭੀਰ ਸਮੱਸਿਆਵਾਂ ਹੋ ਸਕਦਾ ਹੈ।ਇਹ ਹਾਰਟ ਫੇਲ ਹੋਣ ਜਾਂ ਲਕਵੇ ਦਾ ਕਾਰਨ ਵੀ ਬਣ ਸਕਦੀ ਹੈ।ਸੰਭਵ ਹੈ ਕਿ ਡਿਪਥੀਰੀਆ ਹੋਣ ਵਾਲੇ ਲਗਭਗ 10 ਲੋਕਾਂ ਵਿੱਚੋਂ 1 ਦੀ ਮੌਤ ਹੋ ਜਾਏ।

**ਪਰਟੂਸਿਸ**, ਜਿਸ ਨੂੰ ਵੂਪਿੰਗ ਕੱਫ ਦੀ ਤਰ੍ਹਾਂ ਵੀ ਜਾਣਿਆ ਜਾਂਦਾ ਹੈ, ਪਰਟੂਸਿਸ ਬੈਕਟੀਰੀਆ ਕਰਕੇ ਹੋਣ ਵਾਲਾ ਸਾਹ ਦੇ ਰਸਤਿਆਂ ਦਾ ਗੰਭੀਰ ਵਿਗਾੜ ਹੈ।ਇਹ ਬੈਕਟੀਰੀਆ ਖੰਘਣ, ਛਿੱਕਣ ਜਾਂ ਨਿਕਟੀ ਆਮ੍ਹੋ ਸਾਮ੍ਹਣੇ ਦੇ ਸੰਪਰਕ ਨਾਲ ਅਸਾਨੀ ਨਾਲ ਫੈਲ ਜਾਂਦੇ ਹਨ। ਪਰਟੂਸਿਸ ਨਿਮੋਨਿਆ,ਝੰਜੋੜਾਂ, ਦਿਮਾਗ ਨੂੰ ਨੁਕਸਾਨ ਜਾਂ ਮੌਤ ਦਾ ਕਾਰਨ ਬਣ ਸਕਦੀ ਹੈ।ਇਹ ਜਟਿਲਤਾਵਾਂ ਅਕਸਰ ਸਭ ਤੋਂ ਜ਼ਿਆਦਾ ਛੋਟੇ ਬੱਚਿਆਂ ਵਿੱਚ ਦੇਖੀਆਂ ਜਾਂਦੀਆਂ ਹਨ।ਪਰਟੂਸਿਸ ਕਰਕੇ ਗੰਭੀਰ ਖੰਘ ਆ ਸਕਦੀ ਹੈ ਜਿਸ ਦਾ ਅੰਤ ਅਕਸਰ ਅਗਲੇ ਸਾਹ ਤੋਂ ਪਹਿਲਾਂ ਇੱਕ ਲਲਕਾਰ ਵਰਗੀ ਅਵਾਜ ਨਾਲ ਹੁੰਦਾ ਹੈ। ਇਹ ਖੰਘ ਕਈ ਮਹੀਨਿਆਂ ਤੱਕ ਰਹਿ ਸਕਦੀ ਹੈ ਅਤੇ ਅਕਸਰ ਸਭ ਤੋਂ ਜ਼ਿਆਦਾ ਰਾਤ ਵੇਲੇ ਵਾਪਰਦੀ ਹੈ।ਪਰਟੂਸਿਸ ਹੋਣ ਵਾਲੇ ਲਗਭਗ 170 ਬੱਚਿਆਂ ਵਿੱਚੋਂ 1 ਦੀ ਮੌਤ ਹੋ ਸਕਦੀ ਹੈ।

## ਸਿਆਣੇ ਨਾਬਾਲਗਾਂ ਦੀ ਸਹਿਮਤੀ

ਸਿਫ਼ਾਰਸ਼ ਕੀਤੀ ਜਾਂਦੀ ਹੈ ਕਿ ਮਾਪੇ ਜਾਂ ਸਰਪ੍ਰਸਤ ਅਤੇ ਉਨ੍ਹਾਂ ਦੇ ਬੱਚੇ ਟੀਕਾਕਰਣ (ਇਮਿਊਨਾਈਜ਼ੇਸ਼ਨ) ਲਈ ਸਹਿਮਤੀ ਬਾਰੇ ਚਰਚਾ ਕਰਨ।19 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਜਿਹੜੇ ਹਰ ਵੈਕਸੀਨ ਦੇ ਲਾਭ ਅਤੇ ਸੰਭਵ ਪ੍ਰਤੀਕਿਰਿਆਵਾਂ ਅਤੇ ਇਮਿਊਨਾਈਜ਼ੇਸ਼ਨ ਨਾ ਕਰਵਾਉਣ ਦੇ ਜੋਖਮ ਸਮਝਣ ਦੇ ਕਾਬਲ ਹੋਣ, ਕਾਨੂੰਨੀ ਤੌਰ ਤੇ ਇਮਿਊਨਾਈਜ਼ੇਸ਼ਨ ਲਈ ਸਹਿਮਤ ਹੋ ਸਕਦੇ ਜਾਂ ਇਨਕਾਰ ਕਰ ਸਕਦੇ ਹਨ।ਸਿਆਣੇ ਨਾਬਾਲਗਾਂ ਦੀ ਸਹਿਮਤੀ ਬਾਰੇ ਹੋਰ ਜਾਣਕਾਰੀ ਵਾਸਤੇ HealthLinkBC File #119 ਦ ਇੰਨਫੈਂਟਸ ਐਕਟ, ਸਿਆਣੇ ਨਾਬਾਲਗਾਂ ਦੀ ਸਹਿਮਤੀ ਅਤੇ ਇਮਿਊਨਾਈਜ਼ੇਸ਼ਨ ਦੇਖੋ।

## ਹੋਰ ਜਾਣਕਾਰੀ ਲਈ

ਇਮਿਊਨਾਈਜ਼ੇਸ਼ਨਾਂ ਬਾਰੇ ਹੋਰ ਜ਼ਿਆਦਾ ਜਾਣਕਾਰੀ ਲਈ, www.immunizebc.ca. 'ਤੇ ਇਮਿਊਨਾਈਜ਼ ਬੀਸੀ 'ਤੇ ਜਾਓ।

BRITISH COLUMBIA ImmunizeBC

BC Centre for Disease Control
Provincial Health Services Authority